**16ਵੀਂ ਵਿਧਾਨ ਸਭਾ** | **ਪੰਜਾਬ ਵਿਧਾਨ ਸਭਾ**

**ਚੌਥਾ ਸਮਾਗਮ, 2023** | **ਬੁਲੇਟਿਨ ਨੰ: 8**

**ਸੋਮਵਾਰ, 19 ਜੂਨ 2023**

(02.00 ਵਜੇ ਬਾਅਦ ਦੁਪਹਿਰ ਤੋਂ 02.12 ਵਜੇ ਬਾਅਦ ਦੁਪਹਿਰ ਤੱਕ)

**1. ਅਕਾਲ ਚਲਾਣਿਆਂ ਦਾ ਵਰਣਨ:-**

**ਮਾਣਯੋਗ ਸਪੀਕਰ ਵੱਲੋਂ ਨਿਮਨਲਿਖਤ ਦੇ ਅਕਾਲ ਚਲਾਣਿਆਂ ਦਾ ਵਰਣਨ ਕੀਤਾ ਗਿਆ:-**

1. ਸਰਦਾਰ ਪ੍ਰਕਾਸ਼ ਸਿੰਘ ਬਾਦਲ, ਸਾਬਕਾ ਮੁੱਖ ਮੰਤਰੀ;
2. ਚੌਧਰੀ ਸਵਰਨਾ ਰਾਮ, ਸਾਬਕਾ ਮੰਤਰੀ;
3. ਸਰਦਾਰ ਜਸਵੰਤ ਸਿੰਘ, ਸਾਬਕਾ ਡਿਪਟੀ ਸਪੀਕਰ;
4. ਸ਼੍ਰੀ ਰੁਮਾਲ ਚੰਦ, ਸਾਬਕਾ ਐਮ.ਐਲ.ਏ;
5. ਸ਼੍ਰੀ ਉਜਾਗਰ ਸਿੰਘ, ਸੁਤੰਤਰਤਾ ਸੰਗਰਾਮੀ;
6. ਸ਼ਹੀਦ ਮਨਦੀਪ ਸਿੰਘ, ਹਵਲਦਾਰ; ਅਤੇ
7. ਸ਼੍ਰੀ ਕੌਰ ਸ਼ਿੰਘ, ਖਿਡਾਰੀ।

ਮਾਣਯੋਗ ਸਪੀਕਰ ਵੱਲੋਂ ਉਪਰੋਕਤ ਵਰਣਿਤ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਇਸ ਤੋਂ ਇਲਾਵਾ ਮਾਣਯੋਗ ਸਪੀਕਰ ਵੱਲੋਂ ਕੋਟਕਪੂਰਾ ਦੇ ਪਿੰਡ ਵਾਂਦਰ ਜਟਾਣਾ ਦੇ ਜੰਮਪਲ ਫਿਲਮ ਦੇ ਅਦਾਕਾਰ ਸ਼੍ਰੀ ਮੰਗਲ ਢਿੱਲੋਂ ਨੂੰ ਵੀ ਸ਼ਰਧਾਂਜਲੀ ਭੇਂਟ ਕੀਤੀ ਗਈ। ਇਨ੍ਹਾਂ ਤੋਂ ਇਲਾਵਾ ਸ਼੍ਰੀ ਗੁਰਮੀਤ ਸਿੰਘ ਮੀਤ ਹੇਅਰ, ਖੇਡਾਂ ਤੇ ਯੁਵਕ ਮਾਮਲੇ ਮੰਤਰੀ ਦੁਆਰਾ ਇੰਟਰਨੈਸ਼ਨਲ ਖਿਡਾਰਨ ਸ਼੍ਰੀਮਤੀ ਕਿਰਨ ਅਜੀਤਪਾਲ ਸਿੰਘ, ਸਰਦਾਰ ਮਨਜੀਤ ਸਿੰਘ ਬਿਲਾਸਪੁਰ, ਐਮ.ਐਲ.ਏ ਵੱਲੋਂ ਸਰਦਾਰ ਕੁਲਵੰਤ ਸਿੰਘ ਜੜਿੱਕ, ਸਿਪਾਹੀ ਹਰਕ੍ਰਿਸ਼ਨ ਸਿੰਘ , ਸਿਪਾਹੀ ਸੇਵਕ ਸਿੰਘ ਅਤੇ ਤਿੰਨ ਹੋਰ ਸ਼ਹੀਦਾਂ, ਸ਼੍ਰੀ ਭਗਵੰਤ ਮਾਨ, ਮੁੱਖ ਮੰਤਰੀ ਵੱਲੋਂ ਉਡੀਸ਼ਾ ਵਿੱਚ ਹੋਏ ਭਿਆਨਕ ਰੇਲ ਹਾਦਸੇ, ਜਿਸ ਵਿੱਚ 300 ਤੋਂ ਵੱਧ ਲੋਕਾਂ ਦੀ ਜਾਨ ਚਲੀ ਗਈ ਅਤੇ ਸਰਦਾਰ ਕਰਮਬੀਰ ਸਿੰਘ, ਐਮ.ਐਲ.ਏ ਵੱਲੋਂ ਪਿੰਡ ਘਗਿਆਲਾ ਦੇ ਨਾਇਬ ਸੂਬੇਦਾਰ ਬਲਬੀਰ ਸਿੰਘ ਰਾਣਾ ਨੂੰ ਵੀ ਅੱਜ ਦੇ ਸ਼ੋਕ ਪ੍ਰਸਤਾਵਾਂ ਵਾਂਲੀ ਸੂਚੀ ਵਿੱਚ ਸ਼ਾਮਲ ਕਰਨ ਲਈ ਕਹੇ ਜਾਣ ਤੇ ਮਾਣਯੋਗ ਸਪੀਕਰ ਵੱਲੋਂ ਉਨ੍ਹਾਂ ਨੂੰ ਵੀ ਸ਼ਰਧਾਂਜਲੀਆਂ ਵਾਲੀ ਸੂਚੀ ਵਿੱਚ ਸ਼ਾਮਲ ਕਰ ਲਿਆ ਗਿਆ।

ਮਾਣਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਵਿਛੜੀਆਂ ਸ਼ਖ਼ਸੀਅਤਾਂ ਦੇ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਸਦਨ ਨੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਖੜ੍ਹੇ ਹੋ ਕੇ ਮੌਨ ਧਾਰਨ ਕੀਤਾ।

ਇਸ ਉਪਰੰਤ ਸਦਨ ਵਿਛੜੀਆਂ ਰੂਹਾਂ ਦੇ ਸਤਿਕਾਰ ਵਜੋਂ ਬਿਨਾਂ ਕੋਈ ਹੋਰ ਕੰਮ-ਕਾਰ ਕੀਤਿਆਂ ਮੰਗਲਵਾਰ, ਮਿਤੀ 20 ਜੂਨ, 2023 ਦੇ 11.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

ਚੰਡੀਗੜ੍ਹ।
19 ਜੂਨ,2023

20/6/23
Principal Chief Reporter
Punjab Vidhan Sabha
Chandigrah

ਰਾਮ ਲੋਕ ਖਟਾਣਾ,
ਸਕੱਤਰ ।